ਜਿਲ੍ਹਾ ਪੁਲਿਸ ਵੱਲੋਂ ਪਬਲਿਕ ਦੇ ਗੁੰਮ ਹੋਏ 102 ਮੋਬਾਇਲ ਫੋਨ ਕੀਤੇ ਟਰੇਸ



ਜਿਲ੍ਹਾ ਪੁਲਿਸ ਮੁੱਖੀ ਵੱਲੋਂ ਮੋਬਾਇਲ ਮਾਲਕਾਂ ਨੂੰ ਸੌਂਪੇ ਗਏ ਟਰੇਸ ਕੀਤੇ ਗਏ ਮੋਬਾਇਲ ਫੋਨ
ਹੁਣ ਤੱਕ 550 ਮੋਬਾਇਲ ਫੋਨ ਟਰੇਸ ਕਰਕੇ ਸੌਂਪੇ ਜਾ ਚੁੱਕੇ ਹਨ ਮਾਲਕਾਂ ਨੂੰ

ਸ੍ਰੀ ਮੁਕਤਸਰ ਸਾਹਿਬ, ਮਾਨਯੋਗ ਸ੍ਰੀ ਗੌਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ., ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਜਿਲ੍ਹਾ ਅੰਦਰ ਪਬਲਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ, ਮਾੜੇ/ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਨ, ਨਸ਼ੇ ਦਾ ਖਾਤਮਾ ਕਰਨ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਆਮ ਪਬਲਿਕ ਨੂੰ ਆਧੁਨਿਕ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜਿੱਥੇ ਹੁਣ ਤੱਕ ਤਕਰੀਬਨ 550 ਦੇ ਕਰੀਬ ਮੋਬਾਇਲ ਫੋਨਾਂ ਨੂੰ ਟਰੇਸ ਕਰਕੇ ਉਹਨਾਂ ਦੇ ਮਾਲਕਾਂ ਨੂੰ ਸੌਂਪਿਆ ਜਾ ਚੁੱਕਿਆ ਹੈ ਉੱਥੇ ਹੀ ਅੱਜ CEIR ਪੋਰਟਲ ਦੀ ਮੱਦਦ ਨਾਲ ਪਬਲਿਕ ਦੇ ਗੁੰਮ ਹੋਏ 102 ਮੋਬਾਇਲ ਫੋਨ ਟਰੇਸ ਕਰਕੇ ਜਿਲ੍ਹਾ ਪੁਲਿਸ ਮੁੱਖੀ ਵੱਲੋਂ ਫੋਨ ਮਾਲਕਾਂ ਨੂੰ ਸੌਂਪੇ ਗਏ। ਇਸ ਮੌਕੇ ਐਸ.ਆਈ. ਰਵਿੰਦਰ ਕੌਰ ਇੰਚਾਰਜ ਟੈਕਨੀਕਲ ਸੈੱਲ, ਰੀਡਰ ਅਜੀਤਪਾਲ ਅਤੇ ਟੈਕਨੀਕਲ ਟੀਮ ਹਾਜ਼ਰ ਸੀ।

ਇਸ ਮੌਕੇ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਤੇ ਪਿਛਲੇ ਸਮੇਂ ਦੌਰਾਨ ਮੋਬਾਇਲ ਗੁੰਮ ਹੋਣ ਬਾਰੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੂੰ ਸ਼ਿਕਾਇਤਾਂ ਮੌਸੂਲ ਹੋਈਆਂ ਸਨ। ਇਹਨਾਂ ਸ਼ਿਕਾਇਤਾਂ ਤੇ ਕਾਰਵਾਈ ਕਰਦੇ ਹੋਏ ਟੈਕਨੀਕਲ ਟੀਮ ਵੱਲੋਂ ਇਨ੍ਹਾ ਗੁੰਮ ਹੋਏ ਮੋਬਾਇਲ ਫੋਨਾਂ ਨੂੰ CEIR ਪੋਰਟਲ ਪਰ ਟਰੇਸਿੰਗ ਤੇ ਲਗਾਇਆ ਗਿਆ ਸੀ ਜਿਸ ਤੇ 102 ਮੋਬਾਇਲ ਫੋਨ ਚੱਲਦੇ ਪਾਏ ਗਏ। ਇਹ ਮੋਬਾਇਲ ਫੋਨ ਟਰੇਸ ਕਰਕੇ ਅੱਜ ਉਨ੍ਹਾਂ ਦੇ ਮਾਲਕਾਂ ਨੂੰ ਸੌਂਪੇ ਗਏ ਹਨ, ਜਿਲ੍ਹਾ ਪੁਲਿਸ ਮੁੱਖੀ ਵੱਲੋਂ ਅੱਜ ਆਪਣੇ ਦਫਤਰ ਮੋਬਾਈਲ ਮਾਲਕਾਂ ਨੂੰ ਬੁਲਾ ਕੇ , ਲੱਭੇ ਗਏ ਮੋਬਾਇਲ ਫੋਨ ਉਹਨਾ ਨੂੰ ਸੌਂਪੇ ਗਏ। ਇਸ ਮੌਕੇ ਮੋਬਾਇਲ ਦੇ ਮਾਲਕਾ ਵੱਲੋਂ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਤੇ ਪੁਲਿਸ ਟੀਮ ਦਾ ਧੰਨਵਾਦ ਕੀਤਾ।